ਪੰਜਾਬ ਸਕੂਲ ਸਿੱਖਿਆ ਬੋਰਡ
ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062
(ਓਪਨ ਸਕੂਲ ਸ਼ਾਖਾ)

ਵੱਲ

ਪ੍ਰਿੰਸੀਪਲ/ ਸਕੂਲ ਮੁਖੀ,
ਓਪਨ ਸਕੂਲ ਅਧਿਐਨ ਕੇਂਦਰ
ਪੰਜਾਬ।
ਨੰ-ਪਸਸਬ-ਓਸ-2023/2543 ਮਿਤੀ..07-7-2023

**ਵਿਸ਼ਾ:- ਓਪਨ ਸਕੂਲ ਸੈਸ਼ਨ 2023-24 ਲਈ ਮੈਟ੍ਰਿਕੁਲੇਸ਼ਨ/ਸੀਨੀਅਰ ਸੈਕੰਡਰੀ ਕੋਰਸ (ਹਿਊਮੈਨਿਟੀਜ਼/ਕਾਮਰਸ/ਸਾਇੰਸ ਗਰੁੱਪ) ਲਈ ਓਪਨ ਸਕੂਲ ਦੇ ਅਧਿਐਨ ਕੇਂਦਰ ਵਜੋਂ ਐਕਰੀਡਿਟੇਸ਼ਨ ਬਾਰੇ।**

ਉਪਰੋਕਤ ਵਿਸ਼ੇ ਸਬੰਧੀ ਚੇਅਰਪਸਨ, ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਸੰਸਥਾ ਨੂੰ ਸਾਲ 2023-24 ਲਈ ਓਪਨ ਸਕੂਲ ਸਿੱਖਿਆ ਪ੍ਰਣਾਲੀ ਅਧੀਨ ਮੈਟ੍ਰਿਕੁਲੇਸ਼ਨ/ਸੀਨੀਅਰ ਸੈਕੰਡਰੀ ਕੋਰਸ ਦੇ ਅਧਿਐਨ ਕੇਂਦਰ ਵਜੋਂ ਹੇਠ ਲਿਖੀਆਂ ਸ਼ਰਤਾਂ ਤੇ ਆਰਜ਼ੀ ਐਕਰੀਡਿਟੇਸ਼ਨ ਦੇਣ ਦੀ ਪ੍ਰਵਾਨਗੀ ਦਿੱਤੀ ਗਈ ਹੈ:-

1. ਇਹ ਐਕਰੀਡਿਟੇਸ਼ਨ ਨਿਰੋਲ ਆਰਜ਼ੀ ਹੈ। ਸਬੰਧਤ ਨਿਯਮ/ਵਿਨਿਯਮ, ਹਦਾਇਤਾਂ ਆਦਿ ਅਗਵਾਈ ਪੁਸਤਕ ਵਿੱਚ ਸ਼ਾਮਲ ਹਨ।
2. ਆਪ ਜੀ ਦੇ ਅਧਿਐਨ ਕੇਂਦਰ ਨੂੰ ਸੈਸ਼ਨ 2023-24 ਲਈ ਆਰਜ਼ੀ ਐਕਰੀਡਿਟੇਸ਼ਨ ਜਾਰੀ ਕੀਤੀ ਜਾਂਦੀ ਹੈ। ਭਵਿੱਖ ਵਿੱਚ ਦਫ਼ਤਰ ਨਾਲ ਪੱਤਰ ਵਿਹਾਰ ਕਰਨ ਸਮੇਂ ਐਕਰੀਡਿਟੇਸ਼ਨ ਸੂਚੀ ਤੇ ਅੰਕਿਤ ਕੋਡ ਨੰਬਰ ਦੀ ਵਰਤੋਂ ਕੀਤੀ ਜਾਵੇ।
3. ਸੰਸਥਾ ਵੱਲੋਂ ਐਕਰੀਡਿਟੇਸ਼ਨ ਨੂੰ ਜਾਰੀ ਰੱਖਣ ਲਈ ਬੋਰਡ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਹਰ ਸਾਲ ਨਿਰਧਾਰਤ ਫੀਸ ਜਮ੍ਹਾ ਕਰਵਾ ਕੇ ਰੀਨਿਊਅਲ ਕਰਵਾਈ ਜਾਵੇ।
4. **ਅਗਵਾਈ ਲੀਹਾਂ ਵਿੱਚ ਦਰਜ ਹਦਾਇਤਾਂ**, ਅਧਿਐਨ ਕੇਂਦਰ ਦੀ ਸਥਾਪਨਾ, ਅਧਿਐਨ ਕੇਂਦਰ ਦੇ ਕਾਰਜ, ਪਾਠ ਪੁਸਤਕਾਂ ਸਮੱਗਰੀ ਦੀ ਵੰਡ, ਵਿਅਕਤੀਗਤ ਸੰਪਰਕ ਪ੍ਰੋਗਰਾਮ (ਪੀ.ਸੀ.ਪੀ.), ਆਂਤਿਰਕ ਮੁਲਾਂਕਣ ਟੈਸਟ, ਅਤੇ ਪ੍ਰੀ-ਬੋਰਡ ਪ੍ਰੀਖਿਆ ਕੰਡਕਟ ਕਰਵਾਉਣ ਅਗਵਾਈ ਪੁਸਤਕ ਵਿੱਚ ਲੱਗੇ ਪ੍ਰੋਫਾਰਮੇ ਭੇਜਣ ਬਾਰੇ, ਦਾਖਲੇ ਦੀਆਂ ਯੋਗਤਾਵਾਂ, ਪ੍ਰੀਖਿਆ ਦੀਆਂ ਮਿਤੀਆਂ ਅਤੇ ਪੜ੍ਹਾਈ ਸਕੀਮ ਆਦਿ ਸਿਰਲੇਖਾਂ ਅਧੀਨ ਦਰਜ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕੀਤੀ ਜਾਵੇ। ਹਦਾਇਤਾਂ ਦੀ ਉਲੰਘਣਾ ਕਰਨ ਤੇ ਅਧਿਐਨ ਕੇਂਦਰ ਵਿਰੁੱਧ ਕੀਤੀ ਜਾਣ ਵਾਲੀ ਕਾਰਵਾਈ ਲਈ ਅਧਿਐਨ ਕੇਂਦਰ ਮੁਖੀ ਆਪ ਜ਼ਿੰਮੇਵਾਰ ਹੋਵੇਗਾ।
5. ਦਾਖਲਾ ਫਾਰਮ/ਪ੍ਰੀਖਿਆ ਫਾਰਮ ਨਿਰਧਾਰਤ ਸ਼ਡਿਊਲ ਅਨੁਸਾਰ ਜਮ੍ਹਾ ਕਰਵਾਏ ਜਾਣ।
6. ਬੈਂਕ ਚਲਾਨ ਰਾਹੀਂ ਜਮ੍ਹਾ ਕਰਵਾਈ ਗਈ ਫੀਸ ਤੋਂ ਇਲਾਵਾ ਵਿਦਿਆਰਥੀ ਤੋਂ ਹੋਰ ਕਿਸੇ ਕਿਸਮ ਦੀ ਫੀਸ ਨਾ ਲਈ ਜਾਵੇ।
7. ਮੌਜੂਦਾ ਨੀਤੀ ਅਨੁਸਾਰ ਵਿਦਿਆਰਥੀ ਆਪਣੀ ਸੁਵਿਧਾ ਅਨੁਸਾਰ ਆਨਲਾਈਨ ਪੋਰਟਲ ਰਾਹੀਂ ਸਿੱਧਾ ਦਾਖਲਾ, ਐਕਰੀਡਿਟੇਡਿਟ ਸਕੂਲਾਂ ਰਾਹੀਂ ਦਾਖਲਾ ਅਤੇ ਬੋਰਡ ਦੇ ਖੇਤਰੀ ਦਫਤਰਾਂ ਰਾਹੀਂ ਦਾਖਲਾ ਲੈ ਸਕਦੇ ਹਨ।
8. ਕਿਸੇ ਵੀ ਪੱਧਰ ਤੇ ਵਿਦਿਆਰਥੀ ਦਾ ਸਹੀ ਫੋਨ ਨੰਬਰ ਉਪਲਬੱਧ ਕਰਵਾਉਣਾ ਸਬੰਧਤ ਐਕਰੀਡਿਟਿਡ ਕੇਂਦਰ ਦੀ ਜ਼ਿਮੇਵਾਰੀ ਹੋਵੇਗੀ ਜੇਕਰ ਸਹੀ ਫੋਨ ਨੰਬਰ ਉਪਲਬੱਧ ਨਹੀਂ ਹੁੰਦਾ ਤਾਂ ਉਸ ਵਿਦਿਆਰਥੀ ਦਾ ਪ੍ਰੀਖਿਆ ਫਾਰਮ/ਪ੍ਰੀਖਿਆ ਰੱਦ ਕੀਤੀ ਜਾਵੇਗੀ ਅਤੇ ਉਸ ਵੱਲੋਂ ਅਦਾ ਕੀਤੀ ਗਈ ਫੀਸ ਬੋਰਡ ਵੱਲੋਂ ਰਿਫੰਡ ਨਹੀਂ ਕੀਤੀ ਜਾਵੇਗੀ ਅਤੇ ਇਸ ਦੀ ਸਮੁੱਚੀ ਜ਼ਿਮੇਵਾਰੀ ਸਕੂਲ ਮੁੱਖੀ ਦੀ ਹੋਵੇਗੀ।
9. ਦਾਖਲੇ ਦੀ ਪ੍ਰਕਿਰਿਆ ਸ਼ੁਰੂ ਹੋਣ ਉਪਰੰਤ ਕਿਸੇ ਵੀ ਅਧਿਐਨ ਕੇਂਦਰ ਵੱਲੋਂ ਐਕਰੀਡਿਟੇਸ਼ਨ ਵਾਪਿਸ ਨਹੀਂ ਲਈ ਜਾ ਸਕੇਗੀ।
10. ਦਸਵੀਂ ਪ੍ਰੀਖਿਆ ਲਈ ਉਮਰ ਦੀ ਯੋਗਤਾ ਦੇ ਆਧਾਰ ਤੇ ਦਾਖਲ ਹੋ ਰਹੇ ਵਿਦਿਆਰਥੀ ਦਾ ਜਨਮ ਸਰਟੀਫਿਕੇਟ/ਉਮਰ ਸਬੰਧੀ ਕੋਈ ਹੋਰ ਸਬੂਤ ਕੇਵਲ ਅਸਲ ਹੀ ਜਮ੍ਹਾਂ ਕਰਵਾ ਕੇ ਦਾਖਲਾ ਫਾਰਮ ਨਾਲ ਭੇਜਿਆ ਜਾਵੇ।
11. ਅਗਵਾਈ ਲੀਹਾਂ ਤੇ ਹਦਾਇਤਾਂ ਅਤੇ ਪ੍ਰਾਸਪੈਕਟਸ (ਦਸਵੀਂ ਅਤੇ ਬਾਰ੍ਹਵੀਂ) ਬੋਰਡ ਦੀ ਵੈਬਸਾਈਟ www.pseb.ac.in ਤੇ ਉਪਲਬਧ

Scanned with CamScanner

ਹਨ।

12. ਐਕਰੀਡਿਟੇਸ਼ਨ ਜਾਰੀ ਹੋਣ ਉਪਰੰਤ ਜੇਕਰ ਕੋਈ ਤੱਥ/ਤਰੁੱਟੀ/ਨੁਕਤਾ ਧਿਆਨ ਵਿੱਚ ਆਉਂਦਾ ਹੈ ਤਾਂ ਬੋਰਡ ਨੂੰ ਸੋਧ ਕਰਨ ਦਾ ਪੂਰਾ-ਪੂਰਾ ਹੱਕ ਹੋਵੇਗਾ ਅਤੇ ਕਿਸੇ ਵੀ ਵਿਵਾਦ ਦੀ ਸੂਰਤ ਵਿੱਚ ਅੰਤਿਮ ਨਿਰਣਾ ਬੋਰਡ ਦਾ ਲਾਗੂ ਹੋਵੇਗਾ।

13. ਸਕੂਲ ਦੀ ਐਫੀਲਿਏਸ਼ਨ ਰੱਦ ਹੋਣ ਦੀ ਸੂਰਤ ਵਿੱਚ ਓਪਨ ਸਕੂਲ ਦੀ ਐਕਰੀਡਿਟੇਸ਼ਨ ਵੀ ਰੱਦ ਹੋ ਜਾਵੇਗੀ।

**ਨੋਟ- ਆਪ ਵੱਲੋਂ ਐਕਰੀਡਿਟੇਸ਼ਨ ਆਨਲਾਈਨ ਅਪਲਾਈ ਕੀਤੀ ਗਈ ਹੈ। ਆਪਣਾ ਐਪਲੀਕੇਸ਼ਨ ਫਾਰਮ, ਸਕੂਲ ਦੇ ਵੇਰਵੇ ਐਕਰੀਡਿਟੇਸ਼ਨ ਨਾਲ ਮਿਲਾ ਲਏ ਜਾਣ। ਜੇਕਰ ਕੋਈ ਤਰੁੱਟੀ ਹੋਵੇ ਤਾਂ ਫੋਨ ਨੰ: 0172-5227197 ਤੇ ਸੰਪਰਕ ਕੀਤਾ ਜਾਵੇ** ਅਤੇ ਤਰੁਟੀਆਂ ਸਬੰਧੀ **ddopenschool@yahoo.com ਤੇ ਮੇਲ ਕੀਤੀ ਜਾਵੇ,** ਸਮੇਂ ਸਿਰ ਸੂਚਨਾ ਪ੍ਰਾਪਤ ਨਾ ਹੋਣ ਦੀ ਸੂਰਤ ਸਮੂਚੀ ਜ਼ਿੰਮੇਵਾਰੀ ਸਬੰਧਤ ਅਧਿਐਨ ਕੇਂਦਰ ਮੁਖੀ ਦੀ ਹੋਵੇਗੀ। **ਇਸ ਤੋਂ ਇਲਾਵਾ ਐਕਰੀਡਿਟੇਸ਼ਨ ਦੀ ਹਾਰਡ ਕਾਪੀ ਬੋਰਡ ਦਫ਼ਤਰ ਵਿਖੇ ਤੁਰੰਤ ਜਮ੍ਹਾਂ ਕਰਵਾਈ ਜਾਵੇ।**

7.7.23

**ਉਪ ਸਕੱਤਰ (ਪੰ.ਵਿ.ਸੈੱਲ ਅਤੇ ਅਕਾਦਮਿਕ)**
**ਵਾ:ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।**

Scanned with CamScanner